ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

**ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਤੇਜ਼ੀ ਲਿਆਂਦੀ ਜਾਵੇ-ਡਿਪਟੀ ਕਮਿਸ਼ਨਰ**

- **ਕਣਕ ਦੇ ਖ਼੍ਰੀਦ ਪ੍ਰਬੰਧਾਂ ਸਬੰਧੀ ਰਹਿੰਦੇ ਕੰਮ ਤੁਰੰਤ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਕੀਤੀ ਹਦਾਇਤ**

- **ਜਿਲ੍ਹੇ ਦੇ ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 4 ਅਪ੍ਰੈਲ:

ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਇਨ੍ਹਾਂ ਕੰਮਾਂ 'ਚ ਤੇਜ਼ੀ ਲਿਆਂਦੀ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਲਾਗੂ ਕਰਨ ਲਈ ਗੰਭੀਰ ਯਤਨ ਕੀਤੇ ਜਾਣ।

ਇਹ ਪ੍ਰੇਰਣਾ ਡਿਪਟੀ ਕਮਿਸ਼ਨਰ ਮੋਗਾ ਸ੍ਰ; ਕੁਲਦੀਪ ਸਿੰਘ ਵੈਦ ਨੇ ਅੱਜ ਜਿਲ੍ਹੇ ਦੇ ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਦੀ ਸੱਦੀ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰ; ਅਰਵਿੰਦ ਪਾਲ ਸਿੰਘ ਸੰਧੂ, ਸਹਾਇਕ ਕਮਿਸ਼ਨਰ-ਕਮ-ਜਿਲ੍ਹਾ ਟਰਾਂਸਪੋਰਟ ਅਫਸਰ ਅਨੀਤਾ ਦਰਸੀ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਐਸ.ਡੀ.ਐਮ ਨਿਹਾਲ ਸਿੰਘ ਵਾਲਾ ਜਯੋਤੀ ਬਾਲਾ ਮੱਟੂ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਐਸ.ਡੀ.ਐਮ ਬਾਘਾਪੁਰਾਣਾ ਨਿਧੀ ਕਲੋਤਰਾ, ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਰਜਨੀਸ਼ ਕੁਮਾਰੀ ਅਤੇ ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਛਤਰਪਾਲ ਸਿੰਘ ਬਰਾੜ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਕਣਕ ਦੇ ਖ਼੍ਰੀਦ ਪ੍ਰਬੰਧਾਂ ਸਬੰਧੀ ਰਹਿੰਦੇ ਕੰਮ ਤੁਰੰਤ ਮੁਕੰਮਲ ਕਰ ਲੈਣ ਤਾਂ ਜੋ ਕਿਸਾਨਾਂ ਨੂੰ ਮੰਡੀਆਂ 'ਚ ਜਿਣਸ ਵੇਚਣ ਸਮੇਂ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਸ ਕੰਮ 'ਚ ਢਿੱਲ-ਮੱਠ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਰਜਨੀਸ਼ ਕੁਮਾਰੀ ਨੂੰ ਕਿਹਾ ਕਿ ਆਟਾ-ਦਾਲ ਸਕੀਮ ਤਹਿਤ ਲਾਭਪਾਤਰੀਆਂ ਨੂੰ ਅਨਾਜ ਦੀ ਵੰਡ ਨਿਗਰਾਨ ਕਮੇਟੀਆਂ ਦੀ ਹਾਜ਼ਰੀ 'ਚ ਕਰਨ ਨੂੰ ਯਕੀਨੀ ਬਨਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਦੇ ਲਾਭਪਾਤਰੀਆਂ ਦੇ ਕਾਰਡ ਬਣਾਉਣ ਦੇ ਕੰਮ 'ਚ ਵੀ ਤੇਜੀ ਲਿਆਉਣ ਅਤੇ ਇਨ੍ਹਾਂ ਕਾਰਡਾਂ ਦੀ ਵਰਤੋਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਹਦਾਇਤ ਕੀਤੀ।

ਸ਼੍ਰ: ਵੈਦ ਨੇ ਅੱਗੇ ਕਿਹਾ ਕਿ ਮਗਨਰੇਗਾ ਦੇ ਲਾਭਪਾਤਰੀਆਂ ਨੂੰ ਆਧਾਰ ਕਾਰਡ ਨਾਲ ਲਿੰਕ ਕਰਨ ਨੂੰ ਵੀ ਯਕੀਨੀ ਬਨਾਇਆ ਜਾਵੇ ਅਤੇ ਪੈਨਸ਼ਨ ਸਕੀਮ ਤਹਿਤ ਲਾਭਪਾਤਰੀਆਂ ਨੂੰ ਪੈਨਸ਼ਨ ਵੀ ਹਰ ਮਹੀਨੇ 15 ਤਾਰੀਖ ਤੱਕ ਵੰਡੇ ਜਾਣ ਨੂੰ ਯਕੀਨੀ ਬਨਾਇਆ ਜਾਵੇ। ਉਨ੍ਹਾਂ ਸਮੂਹ ਐਸ.ਡੀ.ਐਮ ਨੂੰ ਆਪਣੀ ਸਬ ਡਵੀਜਨ 'ਚ ਚੱਲ ਰਹੇ ਵਿਕਾਸ ਕੰਮਾਂ ਬਾਰੇ ਆਪਣੇ ਪੱਧਰ 'ਤੇ ਰਿਵਿਊ ਮੀਟਿੰਗਾਂ ਕਰਨ ਲਈ ਵੀ ਕਿਹਾ। ਇਸ ਤੋ ਇਲਾਵਾ ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟ੍ਰੇਟਾਂਨੂੰ ਸਕੂਲਾਂ, ਦਫਤਰਾਂ ਅਤੇ ਹੋਰ ਸਰਕਾਰੀ ਅਦਾਰਿਆਂ 'ਚ ਕ੍ਰਮਚਾਰੀਆਂ ਦੀ ਸਮੇਂ ਸਿਰ ਹਾਜ਼ਰੀ ਨੂੰ ਯਕੀਨੀ ਬਨਾਉਣ ਲਈ ਸਮੇਂ-ਸਮੇਂ ਸਿਰ ਚੈਕਿਰਨ ਲਈ ਵੀ ਆਦੇਸ਼ ਦਿੱਤੇ।

-------------

ਨੰ: ਪੀ.ਆਰ (ਪ੍ਰੈ ਰੀ)–2016

